# Punjab Government Gazette

## EXTRAORDINARY

*Published by Authority*

CHANDIGARH, FRIDAY, DECEMBER 19, 2025 (AGRAHAYANA 28, 1947 SAKA)

**ਪੰਜਾਬ ਸਰਕਾਰ**

ਸਥਾਨਕ ਸਰਕਾਰ ਵਿਭਾਗ ਪੰਜਾਬ, ਚੰਡੀਗੜ੍ਹ

(ਮਿਉਂਸਪਲ ਚੋਣਾਂ ਸ਼ਾਖਾ)

**ਅਧਿਸੂਚਨਾ**

ਮਿਤੀ 18 ਦਸੰਬਰ,2025

**ਨੰਬਰ: 04/52/ਹਲਕਾਬੰਦੀ(ਸ-1)/ਮਚਸ਼/2025/204.-** ਪੰਜਾਬ ਮਿਉਂਸਪਲ ਐਕਟ, 1911 (ਪੰਜਾਬ ਐਕਟ III ਆਫ 1911) ਦੀ ਧਾਰਾ 240 ਦੇ ਉਪਬੰਧਾਂ ਅਨੁਸਾਰ ਅਤੇ ਡਿਲੀਮੀਟੇਸ਼ਨ ਆਫ ਵਾਰਡਜ਼ ਆਫ ਮਿਉਂਸਪੈਲਟੀਜ ਰੂਲਜ, 1972 ਦੇ ਨਿਯਮ 8 ਅਧੀਨ ਇਸ ਤੋਂ ਪਹਿਲਾਂ ਇਸ ਸਬੰਧ ਵਿੱਚ ਜਾਰੀ ਕੀਤੇ ਹੁਕਮਾਂ ਦਾ ਅਧਿਲੰਘਣ ਕਰਦੇ ਹੋਏ ਹੇਠਾਂ ਲਿਖਿਆ ਨਿਯਮਾਂ ਦਾ ਖਰੜ੍ਹਾ ਜਿਨ੍ਹਾਂ ਨੂੰ ਬਨਾਉਣ ਲਈ ਪੰਜਾਬ ਦੇ ਰਾਜਪਾਲ ਤਜਵੀਜ ਕਰਦੇ ਹਨ ਅਤੇ ਇਸ ਸਬੰਧ ਵਿੱਚ ਆਪਣੀਆਂ ਸਮੂਹ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਗਰ ਕੌਂਸਲ, ਸਮਰਾਲਾ, ਜਿਲ੍ਹਾ ਲੁਧਿਆਣਾ ਦੇ ਵਾਰਡਾਂ ਦੀ ਹਲਕਾਬੰਦੀ ਉਨ੍ਹਾਂ ਵਿਅਕਤੀਆਂ ਦੀ ਸੂਚਨਾ ਲਈ ਪ੍ਰਕਾਸ਼ਤ ਕਰਦੇ ਹਨ, ਜਿਨ੍ਹਾਂ ਤੇ ਇਸ ਦਾ ਅਸਰ ਪੈਣ ਦੀ ਸੰਭਾਵਨਾ ਹੋਵੇ। ਉਹ ਇਸ ਅਧਿਸੂਚਨਾ ਦੇ ਪ੍ਰਕਾਸ਼ਤ ਹੋਣ ਤੋਂ 7 ਦਿਨਾਂ ਦੇ ਪਿੱਛੋਂ ਨਿਮਨ ਅਨੁਸਾਰ ਖਰੜੇ ਤੇ ਪ੍ਰਾਪਤ ਉਨ੍ਹਾਂ ਇਤਰਾਜਾਂ/ ਸੁਝਾਵਾਂ ਤੇ ਵਿਚਾਰ ਕੀਤਾ ਜਾਵੇਗਾ ਜਿਹੜੇ ਨਿਯਮਾਂ ਦੇ ਖਰੜੇ ਸਬੰਧੀ ਕਿਸੇ ਵੀ ਅਸਰ ਸੰਭਾਵੀ ਵਿਅਕਤੀ ਵਲੋਂ ਉਕਤ ਅਨੁਸਾਰ ਮਿੱਥੇ ਸਮੇ ਅੰਦਰ ਸਬੰਧਤ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਰਾਹੀਂ ਸਕੱਤਰ ਪੰਜਾਬ ਸਰਕਾਰ, ਸਥਾਨਕ ਸਰਕਾਰ ਵਿਭਾਗ ਨੂੰ ਪ੍ਰਾਪਤ ਹੋਣਗੇ।

**ਨਿਯਮਾਂ ਦਾ ਖਰੜਾ**

ਨਗਰ ਕੌਂਸਲ, ਸਮਰਾਲਾ ਜਿਲ੍ਹਾ ਲੁਧਿਆਣਾ ਦੇ ਨਗਰ ਪਾਲਾ ਦੀ ਚੋਣ ਦੇ ਮਕਸਦ ਲਈ ਨਗਰ ਕੌਂਸਲ, ਸਮਰਾਲਾ ਨੂੰ 15 ਵਾਰਡਾਂ ਵਿਚ ਵੰਡਿਆ ਜਾਵੇਗਾ ਜਿਨ੍ਹਾਂ ਪਿੱਛੇ 11 ਵਾਰਡ, ਜਿਨ੍ਹਾਂ ਦੇ ਪਿੱਛੇ ਬਰੈਕਟਾਂ ਅਤੇ ਸਬਦਾਂ ਵਿਚ:-

1. ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ:
2. ਇਸਤਰੀ ਮੈਂਬਰਾਂ ਲਈ ਰਾਖਵਾਂ:
3. ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾਂ ਲਈ ਰਾਖਵਾਂ ਅਤੇ
4. ਪੱਛੜੀ ਸ਼੍ਰੇਣੀਆਂ ਦੇ ਮੈਂਬਰਾਂ ਲਈ ਰਾਖਵਾਂ,

ਲਿਖਿਆ ਹੋਵੇਗਾ ਕਿ ਉਹ ਵਾਰਡ ਉਨ੍ਹਾਂ ਕੈਟਾਗਰੀਆਂ ਨਾਲ ਸਬੰਧਤ ਮੈਂਬਰਾਂ ਲਈ ਰਾਖਵੇਂ ਹੋਣਗੇ। ਵਾਰਡਾਂ ਦੀਆਂ ਹੱਦਾਂ ਦਾ ਵਰਨਣ ਨਾਲ ਲਗਾਈ ਅਨੁਸੂਚੀ ਵਿਚ ਕੀਤਾ ਜਾਂਦਾ ਹੈ।

## ਨਗਰ ਕੌਂਸਲ, ਸਮਰਾਲਾ ਜਿਲ੍ਹਾ ਲੁਧਿਆਣਾ ਦੇ ਵਾਰਡਾਂ ਦੀਆਂ ਹੱਦਾਂ ਦਾ ਵਰਣ ਦੱਸਦੀ ਅਨੁਸੂਚੀ

### ਵਾਰਡ ਨੰਬਰ: 1 (ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾਂ ਲਈ ਰਾਖਵਾਂ)

ਮਾਛੀਵਾੜਾ ਰੋਡ ਅਤੇ ਨਗਰ ਕੌਂਸਲ ਦੀ ਉੱਤਰੀ ਹੱਦ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਕੌਂਸਲ ਦੀ ਉੱਤਰੀ ਹੱਦ ਦੇ ਨਾਲ ਚੱਲਦੇ ਹੋਏ ਹਰਿਓ ਰੋਡ ਤੀਕ, ਫਿਰ ਉਕਤ ਰੋਡ ਨੂੰ ਪਾਰ ਕਰਦੇ ਹੋਏ ਗਲੀ -------- ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ --------- ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਹਰਿਓ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਪੁਰਾਣੀ ਸਬਜੀ ਮੰਡੀ ਵਾਲੀ ਸੜਕ ਤੀਕ, ਫਿਰ ਉਕਤ ਸੜਕ ਨਾਲ ਚੱਲਦੇ ਹੋਏ ਕੱਚਾ ਰਸਤਾ ਪਿੰਡ ਹਰਿਓ ਤੀਕ, ਫਿਰ ਉਕਤ ਕੱਚੇ ਰਸਤੇ ਨਾਲ ਚੱਲਦੇ ਹੋਏ ਗਲੀ ਪਟਵਾਰੀਆਂ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮਸੰਦ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਸੰਦ ਗੇਟ ਤੀਕ, ਫਿਰ ਉਕਤ ਗੇਟ ਨਾਲ ਚੱਲਦੇ ਹੋਏ ਗਲੀ ਕੰਗ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਜਸਵੀਰ ਕਰਿਆਣੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਦਿਓਲ ਡੀ.ਜੇ. ਵੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕਾਰ ਵਾਸਿੰਗ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੂਆ ਤੀਕ, ਫਿਰ ਉਕਤ ਸੂਏ ਨਾਲ ਚੱਲਦੇ ਹੋਏ ਮਾਛੀਵਾੜਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

### ਵਾਰਡ ਨੰਬਰ: 2

ਹਰਿਓ ਰੋਡ ਅਤੇ ਗਲੀ ------- ਵਾਲੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ -------- ਵਾਲੀ ਦੇ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਚੰਡੀਗੜ੍ਹ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਬਹਿਲੋਲਪੁਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਹਰਿਓ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ -------- ਵਾਲੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

### ਵਾਰਡ ਨੰਬਰ: 3 (ਇਸਤਰੀ ਮੈਂਬਰਾਂ ਲਈ ਰਾਖਵਾਂ)

ਫਿਰਨੀ ਰੋਡ ਅਤੇ ਪੁਰਾਣੀ ਸਬਜੀ ਮੰਡੀ ਵਾਲੀ ਸੜਕ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਪੁਰਾਣੀ ਸਬਜੀ ਮੰਡੀ ਵਾਲੀ ਸੜਕ ਦੇ ਨਾਲ ਚੱਲਦੇ ਹੋਏ ਬਹਿਲੋਲਪੁਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਚੰਡੀਗੜ੍ਹ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਪੁਰਾਣੇ ਡਾਕਖਾਨੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਿੰਗਲਾ ਇਲੈਕਟਰੀਕਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਖੰਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਪੁਰਾਣੀ ਟੈਲੀਫੋਨ ਐਕਸਚੇਂਜ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਚੰਡੀਗੜ੍ਹ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਫਿਰਨੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਪੁਰਾਣੀ ਸਬਜੀ ਮੰਡੀ ਵਾਲੀ ਸੜਕ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

### ਵਾਰਡ ਨੰਬਰ: 4 (ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ)

ਗਲੀ ਸਿਕੰਦਰ ਬਾਠ ਅਤੇ ਚੰਡੀਗੜ੍ਹ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਚੰਡੀਗੜ੍ਹ ਰੋਡ ਦੇ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੂਰਬੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਬੌਂਦਲ ਰੋਡ ਨੂੰ ਪਾਰ ਕਰਦੇ ਹੋਏ ਓਟਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਬੌਂਦਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਸਿਕੰਦਰ ਬਾਠ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਚੰਡੀਗੜ੍ਹ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

### ਵਾਰਡ ਨੰਬਰ: 5 (ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾਂ ਲਈ ਰਾਖਵਾਂ)

ਗਲੀ ਪੁਰਾਣਾ ਡਾਕਖਾਨਾ ਵਾਲੀ ਅਤੇ ਚੰਡੀਗੜ੍ਹ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਚੰਡੀਗੜ੍ਹ ਰੋਡ ਦੇ ਨਾਲ ਚੱਲਦੇ ਹੋਏ ਬੌਂਦਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਕਿਰਪਾਲ ਕਰਿਆਣਾ ਸਟੋਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਚੰਡੀਗੜ੍ਹ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਸਿਕੰਦਰ ਬਾਠ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬੌਂਦਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਅਤੇ ਬੌਂਦਲ ਰੋਡ ਨੂੰ ਪਾਰ ਕਰਦੇ ਹੋਏ ਗਲੀ ਕਰਮਾ ਕਲੋਨੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰਬਰ: 1 ਹਰਨਾਮ ਨਗਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ

ਹੋਏ ਖੰਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਸਿੰਗਲਾ ਇਲੈਕਟਰੀਕਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੁਰਾਣਾ ਡਾਕਖਾਨਾ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਚੰਡੀਗੜ੍ਹ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

## ਵਾਰਡ ਨੰਬਰ: 6

ਗਲੀ ਕਰਮਾ ਕਲੋਨੀ ਅਤੇ ਬੌਂਦਲ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਬੌਂਦਲ ਰੋਡ ਦੇ ਨਾਲ ਚੱਲਦੇ ਹੋਏ ਓਟਾਲਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦ ਹੋਏ ਖੰਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਇੰਦਰਜੀਤ ਕੌਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਅਵਤਾਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬਦੇਸ਼ ਸਰਵਿਸ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਖੰਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਨੰਬਰ: 1 ਰਾਮ ਨਗਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕਰਮਾ ਕਲੋਨੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬੌਂਦਲ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

## ਵਾਰਡ ਨੰਬਰ: 7 (ਇਸਤਰੀ ਮੈਂਬਰਾਂ ਲਈ ਰਾਖਵਾਂ)

ਗਲੀ ਕਮਲ ਕਲੋਨੀ 1 ਅਤੇ ਕਮਲ ਕਲੋਨੀ ਗਲੀ ਨੰਬਰ: 2 ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਨੰਬਰ: 2 ਦੇ ਨਾਲ ਚੱਲਦੇ ਹੋਏ ਖੰਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਬਦੇਸ਼ ਸਰਵਿਸ ਸਟੇਸ਼ਨ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਅਵਤਾਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਇੰਦਰਜੀਤ ਕੌਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਖੰਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਚਾਵਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਕਮਲ ਕਲੋਨੀ ਗਲੀ ਨੰਬਰ: 1 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਕਮਲ ਕਲੋਨੀ ਗਲੀ ਨੰਬਰ: 2 ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

## ਵਾਰਡ ਨੰਬਰ: 8 (ਪਛੜੀਆਂ ਸ਼੍ਰੇਣੀਆਂ ਦੇ ਮੈਂਬਰਾਂ ਲਈ ਰਾਖਵਾਂ)

ਨਗਰ ਕੌਂਸਲ ਦੀ ਪੱਛਮੀ ਹੱਦ ਅਤੇ ਮਗੜ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਮਗੜ ਰੋਡ ਦੇ ਨਾਲ ਚੱਲਦੇ ਹੋਏ ਪਪੜੌਂਦੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਪਰਮਿੰਦਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਡਾਕਟਰ ਅਸਵਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਚਾਵਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਖੰਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਅਤੇ ਚੌਂਕ ਨੂੰ ਪਾਰ ਕਰਦੇ ਹੋਏ ਸਾਹਮਣੇ ਮਾਛੀਵਾੜਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਡਾਕਟਰ ਕਮਲਪ੍ਰੀਤ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪਪਲਰ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੁਰਾਣੀ ਭਾਰਤ ਪ੍ਰਿੰਟਿਗ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਭੰਵੜੇ ਹਾਊਸ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸ਼ਰਮਾ ਹਾਊਸ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪਾਣੀ ਵਾਲੀ ਟੈਂਕੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਖੁੱਲਰ ਹਾਊਸ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਰਕਾਰੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਢਿੱਲੋਂ ਗੇਟ ਤੀਕ, ਫਿਰ ਉਕਤ ਗੇਟ ਨਾਲ ਚੱਲਦੇ ਹੋਏ ਗਲੀ ਪੰਡਤਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰਾਮ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਕੰਗ ਗੇਟ ਤੀਕ, ਫਿਰ ਉਕਤ ਗੇਟ ਨਾਲ ਚੱਲਦੇ ਹੋਏ ਫਿਰਨੀ ਤੀਕ, ਫਿਰ ਉਕਤ ਫਿਰਨੀ ਨਾਲ ਚੱਲਦੇ ਹੋਏ ਚੰਡੀਗੜ੍ਹ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਪੁਰਾਣੀ ਟੈਲੀਫੋਨ ਐਕਸਚੇਂਜ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਖੰਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਕਮਲ ਕਲੋਨੀ ਗਲੀ ਨੰਬਰ: 2 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰਬਰ: 1 ਕਮਲ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਚਾਵਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਮਗੜ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

## ਵਾਰਡ ਨੰਬਰ: 9 (ਇਸਤਰੀ ਮੈਂਬਰਾਂ ਲਈ ਰਾਖਵਾਂ)

ਗਲੀ ਨੰਬਰ: 2 ਅਤੇ ਫਿਰਨੀ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਫਿਰਨੀ ਦੇ ਨਾਲ ਚੱਲਦੇ ਹੋਏ ਗਲੀ ਮਸੰਦਾਂ ਮੁਹੱਲਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪਟਵਾਰੀਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਕੱਚਾ

ਰਸਤਾ ਪਿੰਡ ਹਰਿਓ ਤੀਕ, ਫਿਰ ਉਕਤ ਕੱਚੇ ਰਸਤੇ ਦੇ ਨਾਲ ਚੱਲਦੇ ਹੋਏ ਕੰਗ ਗੇਟ ਤੀਕ, ਫਿਰ ਉਕਤ ਗੇਟ ਨਾਲ ਚੱਲਦੇ ਹੋਏ ਗਲੀ ਰਾਮ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪੰਡਤਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਢਿੱਲੋ ਗੇਟ ਤੀਕ, ਫਿਰ ਉਕਤ ਗੇਟ ਨਾਲ ਚੱਲਦੇ ਹੋਏ ਗਲੀ ਸਰਕਾਰੀ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪਾਣੀ ਦੀ ਟੈਂਕੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਖੁੱਲਰਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰਬਰ: 2 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਫਿਰਨੀ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

## ਵਾਰਡ ਨੰਬਰ: 10 (ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ)

ਗਲੀ ਮਾਤਾ ਦੁਰਗਾ ਮੰਦਰ ਅਤੇ ਗਲੀ ਹੰਸਰਾਜ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਹੰਸਰਾਜ ਵਾਲੀ ਦੇ ਨਾਲ ਚੱਲਦੇ ਹੋਏ ਗਲੀ ਜਸਬੀਰ ਕਰਿਆਣਾ ਸਟੋਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕੰਗ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਫਿਰਨੀ ਤੀਕ, ਫਿਰ ਉਕਤ ਫਿਰਨੀ ਨਾਲ ਚੱਲਦ ਹੋਏ ਗਲੀ ਖੁੱਲਰ ਹਾਊਸ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਹਰੀਜਨਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਦੁਰਗਾ ਮੰਦਰ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਹੰਸਰਾਜ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

## ਵਾਰਡ ਨੰਬਰ: 11 (ਇਸਤਰੀ ਮੈਂਬਰਾਂ ਲਈ ਰਾਖਵਾਂ)

ਕੱਚਾ ਰਸਤਾ ਅਤੇ ਸੂਏ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਉਕਤ ਸੂਏ ਦੇ ਨਾਲ ਚੱਲਦੇ ਹੋਏ ਗਲੀ ਸਿਕੰਦਰ ਕਬਾੜੀਆਂ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਾਛੀਵਾੜਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸੂਆ ਤੀਕ, ਫਿਰ ਉਕਤ ਸੂਏ ਦੇ ਨਾਲ ਚੱਲਦੇ ਹੋਏ ਗਲੀ ਦੁਰਗਾ ਮਾਤਾ ਮੰਦਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਹਰੀਜਨਾਂ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਖੁੱਲਰ ਹਾਊਸ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਫਿਰਨੀ ਤੀਕ, ਫਿਰ ਉਕਤ ਫਿਰਨੀ ਨਾਲ ਚੱਲਦੇ ਹੋਏ ਗਲੀ ਨੰਬਰ: 2 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪਪੂਲਰ ਸਕੂਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਡਾਕਟਰ ਕਮਲਪ੍ਰੀਤ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਸਾਹਮਣੇ ਮਾਛੀਵਾੜੇ ਰੋਡ ਨੂੰ ਪਾਰ ਕਰਦੇ ਹੋਏ ਗਲੀ ਟਰੱਕ ਯੂਨੀਅਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਕੱਚਾ ਰਸਤਾ ਤੀਕ, ਫਿਰ ਉਕਤ ਕੱਚੇ ਰਸਤੇ ਨਾਲ ਚੱਲਦੇ ਹੋਏ ਸੂਆ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

## ਵਾਰਡ ਨੰਬਰ: 12 (ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ)

ਸੂਆ ਅਤੇ ਕੱਚਾ ਰਸਤੇ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਕੱਚੇ ਰਸਤੇ ਦੇ ਨਾਲ ਚੱਲਦੇ ਹੋਏ ਗਲੀ ਟਰੱਕ ਯੂਨੀਅਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਾਛੀਵਾੜਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਲੁਧਿਆਣਾ ਚੰਡੀਗੜ੍ਹ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਿਵਲ ਲਾਈਨ ਗਲੀ ਨੰਬਰ: 1 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੂਆ ਤੀਕ, ਫਿਰ ਉਕਤ ਸੂਏ ਨਾਲ ਚੱਲਦੇ ਹੋਏ ਕੱਚਾ ਰਸਤਾ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

## ਵਾਰਡ ਨੰਬਰ: 13 (ਇਸਤਰੀ ਮੈਂਬਰਾਂ ਲਈ ਰਾਖਵਾਂ)

ਭਗਵਾਨ ਰੋਡ ਅਤੇ ਚੰਡੀਗੜ੍ਹ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਚੰਡੀਗੜ੍ਹ ਰੋਡ ਦੇ ਨਾਲ ਚੱਲਦੇ ਹੋਏ ਖੰਨਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਚਾਵਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਡਾਕਟਰ ਅਸਵਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪਰਮਿੰਦਰ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਇੰਦਰਜੀਤ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪਪੜੌਂਦੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਮਗੜ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਸੂਏ ਤੀਕ, ਫਿਰ ਉਕਤ ਸੂਏ ਨਾਲ ਚੱਲਦੇ ਹੋਏ ਮਗੜ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਭਗਵਾਨਪੁਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਖੱਟੜ ਵਾਲਿਆਂ ਦੀ ਕੋਠੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ------- ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਤੀਰਥ ਸੀਮੰਟ ਸਟੋਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਭਗਵਾਨ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਚੰਡੀਗੜ੍ਹ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

**ਵਾਰਡ ਨੰਬਰ: 14**

ਚੰਡੀਗੜ੍ਹ ਰੋਡ ਅਤੇ ਭਗਵਾਨਪੁਰ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਭਗਵਾਨਪੁਰ ਰੋਡ ਦੇ ਨਾਲ ਚੱਲਦੇ ਹੋਏ ਗਲੀ ਤੀਰਕ ਸੀਮੇਂਟ ਸਟੋਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ------- ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਖੱਟੜ ਵਾਲਿਆਂ ਦੀ ਕੋਠੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਭਗਵਾਨਪੁਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਮਗੜ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਗਲੀ ਦੀਵਾ ਬਰਫ ਫੈਕਟਰੀ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਚੰਡੀਗੜ੍ਹ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਭਗਵਾਨਪੁਰ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

**ਵਾਰਡ ਨੰਬਰ: 15**

ਨਗਰ ਕੌਂਸਲ ਦੀ ਉੱਤਰੀ ਹੱਦ ਅਤੇ ਮਾਛੀਵਾੜਾ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਮਾਛੀਵਾੜਾ ਰੋਡ ਦੇ ਨਾਲ ਚੱਲਦੇ ਹੋਏ ਲਿੰਕ ਗਲੀ ਤੀਕ, ਫਿਰ ਉਕਤ ਲਿੰਕ ਗਲੀ ਨਾਲ ਚੱਲਦੇ ਹੋਏ ਗਲੀ ਸਿਕੰਦਰ ਕਬਾੜੀਆਂ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੂਏ ਤੀਕ, ਫਿਰ ਉਕਤ ਸੂਏ ਨਾਲ ਚੱਲਦੇ ਹੋਏ ਸਿਵਲ ਲਾਈਨ ਗਲੀ ਨੰਬਰ: 1 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਲੁਧਿਆਣਾ-ਚੰਡੀਗੜ੍ਹ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਦੀਵਾ ਬਰਫ ਫੈਕਟਰੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਮਾਛੀਵਾੜਾ ਰੋਡ ਤੀਕ, ਅਰਥਾਤ ਜਿੱਥੋਂ ਆਰੰਭ ਕੀਤਾ ਸੀ।

ਸਹੀ/-

**ਮਨਜੀਤ ਸਿੰਘ ਬਰਾੜ, ਆਈ.ਏ.ਐਸ,**

ਮਿਤੀ 18 ਦਸੰਬਰ, 2025

ਸਕੱਤਰ, ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ

*3587/12-2025/Pb. Govt. Press, S.A.S. Nagar*